# ਚਾਲੂ ਵਿੱਤੀ ਸਾਲ ਦੌਰਾਨ 31 ਅਗਸਤ, 2017 ਤੱਕ 42,869 ਵਿਅਕਤੀਆਂ ਨੇ ਲਿਆ ਸਾਂਝ ਕੇਂਦਰਾਂ ਦਾ ਲਾਹਾ-ਐਸ.ਐਸ.ਪੀ. ਰਾਜ ਜੀਤ ਸਿੰਘ

- **ਬਿਨੈਕਾਰਾਂ ਨੂੰ ਨਿਸ਼ਚਿਤ ਸਮੇਂ ਸੀਮਾ ਅੰਦਰ ਮੁਹੱਈਆ ਕਰਵਾਈਆਂ ਸਾਂਝ ਕੇਂਦਰ ਦੀਆਂ ਸੇਵਾਵਾਂ**
- **ਪੰਜਾਬ ਸਰਕਾਰ ਨੇ ਸਾਂਝ ਕੇਦਰਾਂ ਦੀਆਂ ਸੇਵਾਵਾਂ 27 ਤੋ ਵਧਾ ਕੇ 43 ਕੀਤੀਆਂ**
- **5 ਸਾਂਝ ਕੇਂਦਰਾਂ ਸਮੇਤ ਲਗਭੱਗ ਇੱਕ ਦਰਜਨ ਥਾਨਿਆਂ ਵਿੱਚ ਸਥਾਪਿਤ ਆਊਟਰੀਚ ਸੈਂਟਰ ਲੋਕਾਂ ਨੂੰ ਦੇ ਰਹੇ ਹਨ ਬਿਹਤਰ ਸੇਵਾਵਾਂ**
- **ਆਮ ਲੋਕਾਂ ਨੂੰ ਸਾਂਝ ਕੇਂਦਰਾਂ ਤੋਂ ਦਿੱਤੀਆਂ ਜਾਣ ਵਾਲੀਆਂ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਕੀਤੀ ਅਪੀਲ**

ਮੋਗਾ 18 ਸਤੰਬਰ:

ਸੀਨੀਅਰ ਪੁਲਿਸ ਕਪਤਾਨ ਮੋਗਾ ਸ. ਰਾਜ ਜੀਤ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਾਂਝ ਕੇਂਦਰ ਆਮ ਜਨਤਾ ਨੂੰ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਚਾਲੂ ਵਿੱਤੀ ਸਾਲ ਦੌਰਾਨ 1 ਅਪ੍ਰੈਲ ਤੋਂ 31 ਅਗਸਤ, 2017 ਤੱਕ ਜ਼ਿਲ੍ਹੇ ਵਿੱਚ ਖੋਲ੍ਹੇ ਗਏ ਸਾਂਝ ਕੇਂਦਰਾਂ ਤੋਂ 42,869 ਵਿਅਕਤੀਆਂ ਨੇ ਸੇਵਾਵਾਂ ਪ੍ਰਾਪਤ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਆਧੁਨਿਕ ਸਹੂਲਤਾਂ ਅਤੇ ਕੰਪਿਊਟਰਾਈਜ਼ਡ ਪ੍ਰਣਾਲੀ ਨਾਲ ਲੈਸ ਇਨ੍ਹਾਂ ਸਾਂਝ ਕੇਂਦਰਾਂ 'ਚ ਪੰਜਾਬ ਸੇਵਾ ਅਧਿਕਾਰ ਐਕਟ-2011 ਅਧੀਨ ਪੁਲਿਸ ਵਿਭਾਗ ਨਾਲ ਸਬੰਧਤ ਸੇਵਾਵਾਂ ਇੱਕ ਛੱਤ ਹੇਠ ਆਸਾਨ ਪ੍ਰਣਾਲੀ ਰਾਹੀਂ ਪ੍ਰਦਾਨ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸਾਂਝ ਪ੍ਰਾਜੈਕਟ ਜ਼ਰੀਏ ਜ਼ਿਲ੍ਹਾ ਪੁਲਿਸ ਆਮ ਲੋਕਾਂ ਨਾਲ ਸਾਂਝ ਅਤੇ ਤਾਲ-ਮੇਲ ਵਧਾਉਣ 'ਚ ਸਫ਼ਲ ਰਹੀ ਹੈ ਅਤੇ ਆਮ ਲੋਕਾਂ ਦੀਆਂ ਦੁੱਖ-ਤਕਲੀਫ਼ਾਂ ਦਾ ਨਿਪਟਾਰਾ ਪਹਿਲ ਦੇ ਅਧਾਰ 'ਤੇ ਕੀਤਾ ਜਾ ਰਿਹਾ ਹੈ। ਇਸ ਮੌਕੇ ਇੰਸਪੈਕਟਰ ਦਰਸ਼ਨ ਸਿੰਘ ਵੀ ਮੌਜੂਦ ਸਨ।

ਐਸ.ਐਸ.ਪੀ. ਮੋਗਾ ਸ. ਰਾਜ ਜੀਤ ਸਿੰਘ ਨੇ ਅੱਗੇ ਦੱਸਿਆ ਕਿ ਮੋਗਾ ਵਿਖੇ ਜ਼ਿਲ੍ਹਾ ਪੱਧਰੀ ਸਾਂਝ ਕੇਂਦਰ ਦਫ਼ਤਰ ਐਸ.ਐਸ.ਪੀ (ਸੀ.ਪੀ.ਆਰ.ਸੀ), ਸਬ ਡਵੀਜਨ ਪੱਧਰ 'ਤੇ ਸਿਟੀ ਮੋਗਾ, ਬਾਘਾਪੁਰਾਣਾ, ਨਿਹਾਲ ਸਿੰਘ ਵਾਲਾ ਅਤੇ ਧਰਮਕੋਟ ਵਿਖੇ ਸਥਾਪਤ ਸਾਂਝ ਕੇਂਦਰ ਅਤੇ ਲਗਭੱਗ ਇੱਕ ਦਰਜਨ ਪੁਲਿਸ ਥਾਨਿਆਂ ਵਿੱਚ ਖੋਲ੍ਹੇ ਗਏ ਆਊਟ-ਰੀਚ ਸੈਂਟਰ ਲੋਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਲਈ ਵਰਦਾਨ ਸਾਬਤ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋ ਸਾਂਝ ਕੇਦਰਾਂ ਦੀਆਂ ਸੇਵਾਵਾਂ 27 ਤੋ ਵਧਾ ਕੇ 43 ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 1 ਅਪ੍ਰੈਲ ਤੋਂ 31 ਅਗਸਤ, 2017 ਦੌਰਾਨ ਅਸਲੇ ਲਾਇਸੰਸ ਨੂੰ ਨਵਿਆਉਣ ਸਬੰਧੀ ਪੜਤਾਲ ਦੇ 2,661, ਅਸਲੇ ਦੇ ਵਾਧੇ-ਘਾਟੇ ਲਈ 164 ਦਰਖ਼ਾਸਤਾਂ, ਬਾਹਰਲੇ ਦੇਸ਼ਾਂ ਤੋਂ ਆਏ ਵਿਅਕਤੀਆਂ ਦੇ ਆਉਣ ਅਤੇ ਜਾਣ ਦੀ ਰਜਿਸਟ੍ਰੇਸ਼ਨ ਸਬੰਧੀ 175, ਬਾਹਰਲੇ ਦੇਸ਼ਾਂ ਤੋਂ ਆਏ ਵਿਅਕਤੀਆਂ ਦੇ ਵੀਜ਼ੇ ਦੇ ਵਾਧੇ ਸਬੰਧੀ 97, ਐਫ.ਆਈ.ਆਰ ਤੇ ਡੀ.ਡੀ.ਆਰ. ਸਬੰਧੀ 9,349, ਕਿਰਾਏਦਾਰਾਂ ਅਤੇ ਨੌਕਰਾਂ ਦੇ ਚਾਲ-ਚੱਲਣ ਸਬੰਧੀ 106, ਗੱਡੀਆਂ ਦੇ ਇਤਰਾਜ਼-ਹੀਣਤਾ ਸਰਟੀਫਿਕੇਟ ਸਬੰਧੀ 1,855 ਅਤੇ ਸਰਵਿਸ ਵੈਰੀਫਿਕੇਸ਼ਨ ਸਬੰਧੀ ਪ੍ਰਾਪਤ ਹੋਈਆਂ 161, ਹੋਰ ਸਰਵਿਸ ਵੇਰੀਫ਼ੀਕੇਸ਼ ਸਬੰਧੀ 223, ਪੈਟਰੋਲ ਪੰਪ ਵੇਰੀਫ਼ੀਕੇਸ਼ਨ ਸਬੰਧੀ 02 ਦਰਖਾਸਤਾਂ ਦਾ ਨਿਪਟਾਰਾ ਨਿਸ਼ਚਿਤ ਸਮੇਂ ਸੀਮਾ ਅੰਦਰ ਕੀਤਾ ਜਾ ਚੁੱਕਾ ਹੈ।

ਸ. ਰਾਜ ਜੀਤ ਸਿੰਘ ਨੇ ਦੱਸਿਆ ਕਿ ਇਸ ਤੋਂ ਇਲਾਵਾ ਚਾਲ-ਚੱਲਣ ਤਸਦੀਕ ਕਰਨ ਸਬੰਧੀ 1,743, ਪਾਸਪੋਰਟ ਵੈਰੀਫਿਕੇਸ਼ਨ ਸਬੰਧੀ 23,182, ਨਵੇਂ ਅਸਲਾ ਲਾਇਸੰਸ ਦੀ ਤਸਦੀਕ ਲਈ 29, ਸ਼ਿਕਾਇਤਾਂ ਦੀ ਪੜਤਾਲ ਸਬੰਧੀ 2,735 ਅਤੇ ਪਾਸਪੋਰਟ ਨਾਲ ਸਬੰਧਿਤ ਹੋਰ ਸੇਵਾਵਾਂ ਸਬੰਧੀ 387 ਦਰਖਾਸਤਾਂ ਦਾ ਨਿਪਟਾਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਂਝ ਕੇਂਦਰ ਰੀ-ਡਰੈਸਲ ਯੂਨਿਟ ਵਜੋਂ ਵੀ ਕੰਮ ਕਰ ਰਹੇ ਹਨ, ਜਿੱਥੇ ਔਰਤਾਂ ਤੇ ਬੱਚਿਆਂ ਨਾਲ ਸਬੰਧਤ ਆਰਥਿਕ, ਸਮਾਜਿਕ ਅਤੇ ਹੋਰ ਮਸਲਿਆਂ ਨੂੰ ਨਿਵਾਰਨ ਹਿੱਤ ਕਮੇਟੀ ਮੈਂਬਰਾਂ ਵੱਲੋਂ ਵਿਚਾਰਿਆ ਜਾਂਦਾ ਹੈ। ਉਨ੍ਹਾਂ ਆਮ ਲੋਕਾਂ ਨੂੰ ਪੁਲਿਸ ਸਾਂਝ ਕੇਂਦਰਾਂ ਤੋਂ ਸੁਖਾਲੇ ਮਾਹੌਲ ਹੇਠ ਦਿੱਤੀਆਂ ਜਾਣ ਵਾਲੀਆਂ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਬਿਹਤਰ ਸੁਵਿਧਾਵਾਂ ਪ੍ਰਦਾਨ ਕਰਨ ਅਤੇ ਜ਼ਿਲ੍ਹੇ ਵਿਚ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ 'ਚ ਜ਼ਿਲ੍ਹਾ ਪੁਲਿਸ ਵਿਭਾਗ ਵੱਲੋਂ ਕੋਈ ਵੀ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

-------------------

ਨੰ: ਪੀ.ਆਰ(ਪ੍ਰੈ ਰੀ)2017/509